ਨੰ: 3/8/2018-3ਸਿ3/ 11712771

ਪੰਜਾਬ ਸਰਕਾਰ

ਸਿੱਖਿਆ ਵਿਭਾਗ

(ਸਿੱਖਿਆ-3 ਸ਼ਾਖਾ)

ਸੇਵਾ ਵਿਖੇ

ਪ੍ਰਿੰਸੀਪਲ,

ਊਗਜ਼ੀਲੀਅਮ ਇੰਟਰਨੈਸ਼ਨਲ ਸਕੂਲ (Auxilium International School),

ਬੱਗੂਆਣਾ ਰੋਡ, ਸੰਗਰੂਰ (Bagguuana Road, Sangrur).

ਮਿਤੀ:ਚੰਡੀਗੜ੍ਹ: 22/2/2018

ਵਿਸ਼ਾ: ਊਗਜ਼ੀਲੀਅਮ ਇੰਟਰਨੈਸ਼ਨਲ ਸਕੂਲ, ਬੱਗੂਆਣਾ ਰੋਡ, ਸੰਗਰੂਰ ਨੂੰ ਸੀ.ਬੀ.ਐਸ.ਈ ਨਵੀਂ ਦਿੱਲੀ ਨਾਲ ਐਫੀਲੀਏਸ਼ਨ ਲੈਣ ਲਈ ਇਤਰਾਜ਼ਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

******

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਦੇ ਹਵਾਲੇ ਵਿੱਚ।

2. ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜਾ ਸਮੇਤ ਹਲਫੀਆਂ ਬਿਆਨ, ਜ਼ਿਲ੍ਹਾ ਸਿੱਖਿਆ ਅਫਸਰ (ਸੈ:ਸਿ) ਸੰਗਰੂਰ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ), ਪੰਜਾਬ, ਚੰਡੀਗੜ੍ਹ ਦੀਆਂ ਸਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿਚ ਕਿਸੇ ਵੀ ਸ਼ਿਕਾਇਤ/ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾ ਦੇ ਅਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆਂ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਸ ਲਿਆ ਜਾ ਸਕਦਾ ਹੈ।
2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾਂ ਦਸਵੀਂ ਪੱਧਰ ਤੱਕ ਲਾਜ਼ਮੀ ਹੋਵੇਗਾ ਅਤੇ **ਸੀ.ਬੀ.ਐਸ.ਈ** ਨਵੀਂ ਦਿੱਲੀ ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉਪਰਾਲਾ ਲਾਜਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।
3. ਸਕੂਲ ਮੈਨੇਜਮੈਂਟ, ਸਿੱਖਿਆ ਵਿਭਾਗ ਪੰਜਾਬ ਸਰਕਾਰ ਵੱਲੋਂ ਆਰ.ਟੀ.ਈ.ਐਕਟ 2009 ਦੇ ਤਹਿਤ ਜਾਰੀ ਕੀਤੇ ਨੋਟੀਫਿਕੇਸ਼ਨ ਅਤੇ ਪੰਜਾਬ ਰਾਜ ਲਈ ਬਣਾਏ ਆਰ.ਟੀ.ਈ.ਐਕਟ 2009 ਦੇ ਰੂਲਾਂ ਦੀ ਇੰਨ-ਬਿਨ ਪਾਲਣਾ ਕਰੇਗੀ।
4. **ਸੀ.ਬੀ.ਐਸ.ਈ** ਨਵੀਂ ਦਿੱਲੀ ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨੇਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਅਕਾਊਂਟ ਪੇਈ ਚੈਕਾਂ ਰਾਹੀਂ ਦੇਣ ਲਈ ਵਚਨਵੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤਰੰਤ ਵਾਪਿਸ ਲੈ ਲਿਆ ਜਾਵੇਗਾ।

Principal,
Auxilium International School
SANGRUR (Pb.)

5. ਤੁਸੀ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜਿਲ੍ਹੇ ਦੇ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵੱਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾ ਉਪਲੱਬਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

6 ਬੱਚਿਆ ਦੀ ਸੁਰੱਖਿਆ, ਪਬਲਿਕ ਹੈਲਥ ਸੈਨੀਟੇਸ਼ਨ ਅਤੇ ਹੋਰ ਇਤਰਾਜਹੀਣਤਾ ਸਰਟੀਫਿਕੇਟ ਜਾਰੀ ਕਰਨ ਦੀਆਂ ਸ਼ਰਤਾਂ ਦਾ ਸਮੇਂ -2 ਨਿਰੀਖਣ ਪੰਜਾਬ ਸਰਕਾਹ ਦੇ ਅਧਿਕਾਰੀਆਂ ਵੱਲੋਂ ਕੀਤਾ ਜਾਵੇਗਾ।

**ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ**

ਪਿੱ:ਅੰ:ਨੰ: 3/8/2018-3ਸਿ3/ ਮਿਤੀ, ਚੰਡੀਗੜ੍ਹ:

ਉਤਾਰਾ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ), ਪੰਜਾਬ, ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ. **15/63-2017 ਗ੍ਰਾਂਟ-1(7)/46 ਮਿਤੀ 09.01.2 018** ਦੇ ਹਵਾਲੇ ਵਿੱਚ ਭੇਜਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇਕ ਵਾਰ ਇੰਸਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ। ਸਬੰਧਤ ਸਕੂਲ ਤੋਂ ਉਪਰੋਕਤ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

2. **ਉਗਜੀਲੀਅਮ ਇੰਟਰਨੈਸ਼ਨਲ ਸਕੂਲ, ਬੱਗੂਆਣਾ ਰੋਡ, ਸੰਗਰੂਰ** ਦੀ ਮਿਸਲ ਮੂਲ ਰੂਪ ਵਿੱਚ ਵਾਪਸ ਭੇਜੀ ਜਾਂਦੀ ਹੈ।

**ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ**

**ਅੰਦਰੂਨੀ ਵੰਡ:**

1. ਨਿੱਜੀ ਸਕੱਤਰ/ਸਿੱਖਿਆ ਮੰਤਰੀ, ਪੰਜਾਬ।
2. ਨਿੱਜੀ ਸਹਾਇਕ/ਸਕੱਤਰ ਸਕੂਲ ਸਿੱਖਿਆ, ਪੰਜਾਬ।
3. ਨਿੱਜੀ ਸਹਾਇਕ/ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ, ਪੰਜਾਬ।
4. ਰਿਕਾਰਡਰ ਸਿੱਖਿਆ ਸ਼ਾਖਾ 3

Principal,
Auxilium International School,
SANGRUR (Pb.)